ਸੋਰਠਿ ਮਹਲਾ ੪ ॥ ਆਪੇ ਸੇਵਾ ਲਾਇਦਾ ਪਿਆਰਾ ਆਪੇ ਭਗਤਿ ਉਮਾਹਾ ॥ ਆਪੇ ਗੁਣ ਗਾਵਾਇਦਾ ਪਿਆਰਾ ਆਪੇ ਸਬਦਿ ਸਮਾਹਾ ॥ ਆਪੇ ਲੇਖਣਿ ਆਪਿ ਲਿਖਾਰੀ ਆਪੇ ਲੇਖੁ ਲਿਖਾਹਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਓਮਾਹਾ ॥ ਅਨਦਿਨੁ ਅਨਦੁ ਹੋਵੈ ਵਡਭਾਗੀ ਲੈ ਗੁਰਿ ਪੂਰੈ ਹਰਿ ਲਾਹਾ ॥ ਰਹਾਉ ॥ ਆਪੇ ਗੋਪੀ ਕਾਨੁ ਹੈ ਪਿਆਰਾ ਬਨਿ ਆਪੇ ਗਊ ਚਰਾਹਾ ॥ ਆਪੇ ਸਾਵਲ ਸੁੰਦਰਾ ਪਿਆਰਾ ਆਪੇ ਵੰਸੁ ਵਜਾਹਾ ॥ ਕੁਵਲੀਆ ਪੀੜੁ ਆਪਿ ਮਰਾਇਦਾ ਪਿਆਰਾ ਕਰਿ ਬਾਲਕ ਰੂਪਿ ਪਚਾਹਾ ॥੨॥ ਆਪਿ ਅਖਾੜਾ ਪਾਇਦਾ ਪਿਆਰਾ ਕਰਿ ਵੇਖੈ ਆਪਿ ਚੋਜਾਹਾ ॥ ਕਰਿ ਬਾਲਕ ਰੂਪ ਉਪਾਇਦਾ ਪਿਆਰਾ ਚੰਡੂਰੁ ਕੰਸੁ ਕੇਸੁ ਮਾਰਾਹਾ ॥ ਆਪੇ ਹੀ ਬਲੁ ਆਪਿ ਹੈ ਪਿਆਰਾਬਲੁ ਭੰਨੈ ਮੂਰਖ ਮੁਗਧਾਹਾ ॥੩॥ ਸਭੁ ਆਪੇ ਜਗਤੁ ਉਪਾਇਦਾ ਪਿਆਰਾ ਵਸਿ ਆਪੇ ਜੁਗਤਿ ਹਥਾਹਾ ॥ ਗਲਿ ਜੇਵੜੀ ਆਪੇ ਪਾਇਦਾ ਪਿਆਰਾ ਜਿਉ ਪ੍ਰਭੁ ਖਿੰਚੈ ਤਿਉ ਜਾਹਾ ॥ ਜੋ ਗਰਬੈ ਸੋ ਪਚਸੀ ਪਿਆਰੇ ਜਪਿ ਨਾਨਕ ਭਗਤਿ ਸਮਾਹਾ ॥੪॥੬॥ {ਪੰਨਾ 606}

ਪਦਅਰਥ:- ਉਮਾਹਾ—ਉਤਸ਼ਾਹਾ। ਸਬਦਿ—ਸ਼ਬਦ ਵਿਚ। ਸਮਾਹਾ—ਲੀਨਤਾ ਪੈਦਾ ਕਰਦਾ ਹੈ। ਲੇਖਣਿ—ਕਲਮ।1।

ਓਮਾਹਾ—ਉਤਸ਼ਾਹ (ਨਾਲ)। ਅਨਦਿਨੁ—ਹਰ ਰੋਜ਼, ਹਰ ਵੇਲੇ। ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ। ਰਹਾਉ।

ਗੋਪੀ—ਗਵਾਲਿਆਂ ਦੀਆਂ ਇਸਤ੍ਰੀਆਂ। ਕਾਨੁ—ਕ੍ਰਿਸ਼ਨ। ਬਨਿ—ਜੰਗਲ ਵਿਚ, ਬਿੰਦ੍ਰਾਬਨ ਵਿਚ। ਸਾਵਲ ਸੁੰਦਰਾ—ਸਾਵਲੇ ਰੰਗ ਵਾਲਾ ਸੋਹਣਾ (ਕ੍ਰਿਸ਼ਨ)। ਵੰਸੁ—ਬੰਸਰੀ। ਕੁਵਲੀਆਪੀੜੁ—ਕੰਸ ਦਾ ਭੇਜਿਆ ਹੋਇਆ ਹਾਥੀ ਕ੍ਰਿਸ਼ਨ ਜੀ ਨੂੰ ਮਾਰਨ ਵਾਸਤੇ। ਰੂਪਿ—ਰੂਪ ਵਿਚ। ਪਚਾਹਾ—ਨਾਸ।2।

ਅਖਾੜਾ—(ਜਗਤ-) ਪਿੜ। ਚੋਜਾਹਾ—ਤਮਾਸ਼ੇ, ਖੇਡਾਂ। ਚੰਡੂਰੁ—ਕੰਸ ਦੇ ਪਹਿਲਵਾਨ ਦਾ ਨਾਮ। ਕੰਸੁ—ਕੇਸੀ। ਮੁਗਧਾਹਾ—ਮੂਰਖਾਂ ਦਾ।3।

ਸਭੁ—ਸਾਰਾ। ਵਸਿ—ਵੱਸ ਵਿਚ। ਗਲਿ—ਗਲ ਵਿਚ। ਜੇਵੜੀ—ਰੱਸੀ। ਖਿੰਚੈ—ਖਿੱਚਦਾ ਹੈ। ਗਰਬੈ—ਅਹੰਕਾਰ ਕਰਦਾ ਹੈ ਪਚਸੀ ਨਾਸ ਹੋ ਜਾਇਗਾ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਉਤਸ਼ਾਹ ਨਾਲ ਜਪਿਆ ਕਰ। ਪੂਰੇ ਗੁਰੂ ਦੀ ਰਾਹੀਂ ਹਰਿ-ਨਾਮ ਦਾ ਲਾਭ ਖੱਟ ਲੈ। (ਜੇਹੜਾ) ਵਡ-ਭਾਗੀ ਮਨੁੱਖ (ਨਾਮ ਜਪਦਾ ਹੈ, ਉਸ) ਨੂੰ ਹਰ ਵੇਲੇ ਆਤਮਕ ਸੁਖ ਮਿਲਿਆ ਰਹਿੰਦਾ ਹੈ। ਰਹਾਉ।

ਹੇ ਭਾਈ! ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੀ) ਸੇਵਾ-ਭਗਤੀ ਵਿਚ ਜੋੜਦਾ ਹੈ, ਆਪ ਹੀ ਭਗਤੀ ਕਰਨ ਦਾ ਉਤਸ਼ਾਹ ਦੇਂਦਾ ਹੈ। ਪ੍ਰਭੂ ਆਪ ਹੀ (ਜੀਵਾਂ ਨੂੰ) ਗੁਣ ਗਾਵਣ ਲਈ ਪ੍ਰੇਰਨਾ ਕਰਦਾ ਹੈ, ਆਪ ਹੀ (ਜੀਵਾਂ ਨੂੰ) ਗੁਰੂ ਦੇ ਸ਼ਬਦ ਵਿਚ ਜੋੜਦਾ ਹੈ। ਪ੍ਰਭੂ ਆਪ ਹੀ ਕਲਮ ਹੈ, ਆਪ ਹੀ ਕਲਮ ਚਲਾਣ ਵਾਲਾ ਹੈ, ਤੇ, ਆਪ ਹੀ (ਜੀਵਾਂ ਦੇ ਮੱਥੇ ਉੱਤੇ ਭਗਤੀ ਦਾ) ਲੇਖ ਲਿਖਦਾ ਹੈ।1।

ਹੇ ਭਾਈ! ਪ੍ਰਭੂ ਹੀ ਗੋਪੀਆਂ ਹੈ, ਆਪ ਹੀ ਕ੍ਰਿਸ਼ਨ ਹੈ, ਆਪ ਹੀ (ਬਿੰਦ੍ਰਾਬਨ) ਜੰਗਲ ਵਿਚ ਗਾਈਆਂ ਚਾਰਨ ਵਾਲਾ ਹੈ। ਪ੍ਰਭੂ ਆਪ ਹੀ ਸਾਂਵਲੇ ਰੰਗ ਵਾਲਾ ਸੋਹਣਾ ਕ੍ਰਿਸ਼ਨ ਹੈ, ਆਪ ਹੀ ਬੰਸਰੀ ਵਜਾਣ ਵਾਲਾ ਹੈ। ਪ੍ਰਭੂ ਆਪ ਹੀ ਬਾਲਕ-ਰੂਪ (ਕ੍ਰਿਸ਼ਨ-ਰੂਪ) ਵਿਚ (ਕੰਸ ਦੇ ਭੇਜੇ ਹੋਏ ਹਾਥੀ) ਕੁਵਲੀਆਪੀੜ ਨੂੰ ਨਾਸ ਕਰਨ ਵਾਲਾ ਹੈ।2।

ਹੇ ਭਾਈ! ਪ੍ਰਭੂ ਆਪ ਹੀ (ਇਹ ਜਗਤ ਦਾ) ਅਖਾੜਾ ਬਣਾਣ ਵਾਲਾ ਹੈ, (ਇਸ ਜਗਤ-ਅਖਾੜੇ ਵਿਚ) ਆਪ ਹੀ ਕੌਤਕ-ਤਮਾਸ਼ੇ ਰਚ ਕੇ ਵੇਖ ਰਿਹਾ ਹੈ। ਪ੍ਰਭੂ ਆਪ ਹੀ ਬਾਲਕ-ਰੂਪ ਕ੍ਰਿਸ਼ਨ ਨੂੰ ਪੈਦਾ ਕਰਨ ਵਾਲਾ ਹੈ, ਤੇ, ਆਪ ਹੀ

ਉਸ ਪਾਸੋਂ ਚੰਡੂਰ, ਕੇਸੀ ਅਤੇ ਕੰਸ ਨੂੰ ਮਰਵਾਣ ਵਾਲਾ ਹੈ। ਆਪ ਹੀ ਤਾਕਤ (ਦੇਣ ਵਾਲਾ) ਹੈ, ਤੇ, ਆਪ ਹੀ ਮੂਰਖਾਂ ਦੀ ਤਾਕਤ ਭੰਨ ਦੇਂਦਾ ਹੈ।3।

ਹੇ ਭਾਈ! ਪਿਆਰਾ ਪ੍ਰਭੂ ਆਪ ਹੀ ਸਾਰੇ ਜਗਤ ਨੂੰ ਪੈਦਾ ਕਰਦਾ ਹੈ, (ਜਗਤ ਨੂੰ ਆਪ ਹੀ ਆਪਣੇ) ਵੱਸ ਵਿਚ ਰੱਖਦਾ ਹੈ (ਜੀਵਾਂ ਦੀ ਜੀਵਨ-) ਜੁਗਤਿ ਆਪਣੇ ਹੱਥ ਵਿਚ ਰੱਖਦਾ ਹੈ। ਪ੍ਰਭੂ ਆਪ ਹੀ (ਸਭ ਜੀਵਾਂ ਦੇ) ਗਲ ਵਿਚ ਰੱਸੀ ਪਾਈ ਰੱਖਦਾ ਹੈ, ਜਿਵੇਂ ਪ੍ਰਭੂ (ਉਸ ਰੱਸੀ ਨੂੰ) ਖਿੱਚਦਾ ਹੈ ਤਿਵੇਂ ਹੀ ਜੀਵ (ਜੀਵਨ-ਰਾਹ ਤੇ) ਤੁਰਦੇ ਹਨ। ਹੇ ਨਾਨਕ! (ਆਖ—) ਹੇ ਪਿਆਰੇ ਸੱਜਣ! ਜੇਹੜਾ ਮਨੁੱਖ (ਆਪਣੇ ਕਿਸੇ ਬਲ ਆਦਿਕ ਦਾ) ਅਹੰਕਾਰ ਕਰਦਾ ਹੈ ਉਹ ਤਬਾਹ ਹੋ ਜਾਂਦਾ ਹੈ (ਆਤਮਕ ਮੌਤ ਸਹੇੜ ਲੈਂਦਾ ਹੈ)। ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰ, ਉਸ ਦੀ ਭਗਤੀ ਵਿਚ ਲੀਨ ਰਿਹਾ ਕਰ।4।6।